# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :26-11-2025**

ਪਹਿਲਾਂ  ਬੁਲੇਟਿਨ ਦੀਆਂ ਖਾਸ ਖਬਰਾਂ

- ਰਾਸ਼ਟਰਪਤੀ ਨੇ ਸੰਵਿਧਾਨ ਦਿਵਸ ਮੌਕੇ ਕਿਹਾ ਏ ਕਿ ਭਾਰਤੀ ਸੰਸਦ ਦੁਨੀਆ ਭਰ ਦੇ ਕਈ ਦੇਸ਼ਾਂ ਲਈ ਇਕ ਮਿਸਾਲ-ਸੰਵਿਧਾਨ ਦੇ ਪੰਜਾਬੀ ਸਮੇਤ ਨੌਂ ਭਾਸ਼ਾਵਾਂ ਵਿੱਚ ਅਨੁਵਾਦਿਤ ਸੰਸਕਰਣ ਜਾਰੀ ਕੀਤੇ,
- ਪ੍ਰਧਾਨ ਮੰਤਰੀ ਨੇ ਸੰਵਿਧਾਨ ਦਿਵਸ ਮੌਕੇ ਸਪੀਕਰ ਓਮ ਬਿਰਲਾ ਦਾ ਲੇਖ ਕੀਤਾ ਸਾਂਝਾ, ਲੇਖ ਵਿਚ ਸੰਵਿਧਾਨ ਸਭਾ ਦੁਆਰਾ ਤਿਆਰ ਤੇ ਕਰੋੜਾਂ ਭਾਰਤੀਆਂ ਦੀਆਂ ਇੱਛਾਵਾਂ ਨਾਲ ਭਰਪੂਰ ਸੰਵਿਧਾਨ ਦੀ ਯਾਤਰਾ ਨੂੰ ਦਰਸਾਇਆ ਗਿਆ ਏ

- ਪੰਜਾਬ ਸਰਕਾਰ ਨੇ ਸੰਵਿਧਾਨ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਵਿਦਿਆਰਥੀ ਇਜਲਾਸ ਕਰਵਾਇਆ
- ਸਿਟੀ ਪੁਲਿਸ ਥਾਣਾ ਗੁਰਦਾਸਪੁਰ ਦੇ ਬਾਹਰ ਹੋਏ ਧਮਾਕੇ ਵਿਚ 3 ਲੋਕ ਜ਼ਖਮੀ

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸੰਵਿਧਾਨ ਦਿਵਸ ਮੌਕੇ ਸੰਵਿਧਾਨ ਸਦਨ ਦੇ ਕੇਂਦਰੀ ਹਾਲ ਵਿੱਚ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹੀ । ਇਸ ਮੌਕੇ ਬੋਲਦਿਆਂ, ਰਾਸ਼ਟਰਪਤੀ ਮੁਰਮੂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤੀ ਸੰਸਦ ਦੁਨੀਆ ਭਰ ਦੇ ਕਈ ਦੇਸ਼ਾਂ ਲਈ ਇਕ ਮਿਸਾਲ ਏ । ਰਾਸ਼ਟਰਪਤੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਚ ਸੰਸਦ ਨੇ ਵਿਖਾਇਆ ਏ ਕਿ ਲੋਕਾਂ ਦੀਆਂ ਇੱਛਾਵਾਂ ਨੂੰ ਕਿਵੇਂ ਪੂਰਾ ਕਰਨਾ ਏ । ਉਨ੍ਹਾਂ ਇਹ ਵੀ ਦੱਸਿਆ ਕਿ ਸੰਵਿਧਾਨ ਨਿਰਮਾਤਾ ਇਹ ਯਕੀਨੀ ਬਣਾਉਣਾ ਚਾਹੁੰਦੇ ਸਨ ਕਿ ਸੰਵਿਧਾਨ ਰਾਹੀਂ ਲੋਕਾਂ ਦੀ ਸਮੂਹਿਕ ਤੇ ਵਿਅਕਤੀਗਤ ਮਾਣ-ਸਨਮਾਨ ਦੀ ਰੱਖਿਆ ਹੋਵੇ । ਇਸ ਮੌਕੇ ਰਾਸ਼ਟਰਪਤੀ ਨੇ ਸੰਵਿਧਾਨ ਦੇ ਨੌਂ ਭਾਸ਼ਾਵਾਂ ਵਿੱਚ ਅਨੁਵਾਦਿਤ ਸੰਸਕਰਣ ਜਾਰੀ ਕੀਤੇ, ਜਿਨ੍ਹਾਂ ਵਿੱਚ

ਪੰਜਾਬੀ, ਮਲਿਆਲਮ, ਮਰਾਠੀ, ਨੇਪਾਲੀ, ਬੋਡੋ, ਕਸ਼ਮੀਰੀ, ਤੇਲਗੂ, ਉੜੀਆ ਤੇ ਅਸਾਮੀ ਸ਼ਾਮਲ ਨੇ। ਇਸੇ ਦੌਰਾਨ ਸੰਵਿਧਾਨ ਦਿਵਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਗਰਿਕਾਂ ਨੂੰ ਇਕ ਪੱਤਰ ਲਿਖਿਆ ਏ, ਜਿਸ ਵਿੱਚ 1949 ਵਿੱਚ ਸੰਵਿਧਾਨ ਨੂੰ ਇਤਿਹਾਸਕ ਤੌਰ ਤੇ ਅਪਣਾਏ ਜਾਣ ਨੂੰ ਯਾਦ ਕੀਤਾ ਗਿਆ ਏ। ਦੇਸ਼ ਦੀ ਤਰੱਕੀ ਵਿੱਚ ਸੰਵਿਧਾਨ ਦੀ ਸਥਾਈ ਭੂਮਿਕਾ ਦਾ ਉਲੇਖ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਆਪਣੇ ਪੱਤਰ ਵਿੱਚ ਕਿਹਾ ਕਿ 2015 ਵਿੱਚ ਸਰਕਾਰ ਨੇ ਇਸ ਪਵਿੱਤਰ ਦਸਤਾਵੇਜ ਦੇ ਸਨਮਾਨ ਵਿੱਚ 26 ਨਵੰਬਰ ਨੂੰ ਸੰਵਿਧਾਨ ਦਿਵਸ ਵਜੋਂ ਐਲਾਨਿਆ ਸੀ। ਪ੍ਰਧਾਨ ਮੰਤਰੀ ਨੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਕਰਤਵਾਂ ਨੂੰ ਸਭ ਤੋਂ ਉੱਪਰ ਰੱਖਣ ਤੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਲੋਕਤੰਤਰ ਨੂੰ ਮਜ਼ਬੂਤ ਕਰਨ।

---

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਲੋਕ ਸਭਾ ਸਪੀਕਰ ਓਮ ਬਿਰਲਾ ਦਾ ਇਕ ਲੇਖ ਸਾਂਝਾ ਕੀਤਾ ਏ, ਜਿਸ ਵਿੱਚ ਸੰਵਿਧਾਨ ਸਭਾ ਦੁਆਰਾ ਤਿਆਰ ਕੀਤੇ ਗਏ ਤੇ ਕਰੋੜਾਂ ਭਾਰਤੀਆਂ ਦੀਆਂ ਇੱਛਾਵਾਂ ਨਾਲ ਭਰਪੂਰ ਦੇਸ਼ ਦੇ ਸੰਵਿਧਾਨ ਦੀ ਯਾਤਰਾ ਨੂੰ ਦਰਸਾਇਆ ਗਿਆ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਦੱਸਿਆ ਕਿ ਲੋਕ ਸਭਾ

ਸਪੀਕਰ ਨੇ ਉਜਾਗਰ ਕੀਤਾ ਏ ਕਿ ਕਿਵੇਂ ਸੰਵਿਧਾਨ 2047 ਤੱਕ ਭਾਰਤ ਨੂੰ ਇੱਕ ਆਤਮਨਿਰਭਰ ਤੇ ਆਤਮ-ਵਿਸ਼ਵਾਸੀ ਵਿਕਸਿਤ ਭਾਰਤ ਵਜੋਂ ਅੱਗੇ ਲਿਜਾਣ ਲਈ ਇੱਕ ਆਦਰਸ਼ ਮਾਰਗਦਰਸ਼ਕ ਵਜੋਂ ਕੰਮ ਕਰਦਾ ਏ।

-----------------------------------------------------

ਪੰਜਾਬ ਸਰਕਾਰ ਵਲੋਂ ਸੰਵਿਧਾਨ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਵਿਧਾਨ ਸਭਾ ਦਾ ਵਿਸ਼ੇਸ਼ ਵਿਦਿਆਰਥੀ ਇਜਲਾਸ ਕਰਵਾਇਆ ਗਿਆ, ਜਿਸ ਵਿਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਜਲਾਸ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਅੱਜ ਦਾ ਇਹ ਦਿਨ ਸਾਡੇ ਸਾਰਿਆਂ ਦੇ ਜੀਵਨ ਦਾ ਇਕ ਇਤਿਹਾਸਕ ਦਿਨ ਏ ਜਦੋਂ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਦੇਸ਼ ਦੀ ਸੱਤਾ ਚਲਾਉਣ ਦੀ ਸਿਖਲਾਈ ਦੇਣ ਜਾ ਰਹੇ ਹਾਂ। ਸੰਧਵਾਂ ਵੱਲੋਂ ਸਪੀਕਰ, ਡਿਪਟੀ ਸਪੀਕਰ, ਮੁੱਖ ਮੰਤਰੀ, ਕੈਬਨਿਟ ਮੰਤਰੀ ਤੇ ਵਿਧਾਇਕ ਬਣੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਹੁਤ ਹੀ ਪ੍ਰਭਾਸ਼ਾਲੀ ਢੰਗ ਨਾਲ ਉਤਸ਼ਾਹਿਤ ਕੀਤਾ ਗਿਆ। ਸਪੀਕਰ ਨੇ ਕਿਹਾ ਕਿ ਵਿਦਿਆਰਥੀ ਭਵਿੱਖ ਦੇ ਲੀਡਰ ਨੇ ਤੇ ਪੰਜਾਬ ਸਰਕਾਰ ਦੀ ਇਹ

ਵਿਸ਼ੇਸ਼ ਪਹਿਲਕਦਮੀ ਪੰਜਾਬ ਦੇ ਬੱਚਿਆਂ ਨੂੰ ਰਾਜ ਕਰਨ ਵਾਲੇ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ। ਇਜਲਾਸ ਦੌਰਾਨ ਮੁੱਖ ਮੰਤਰੀ ਭੂਮਿਕਾ ਸਕੂਲ ਆਫ਼ ਐਮੀਨੈਂਸ ਘਨੌਰੀ ਕਲਾ ਦੇ ਵਿਦਿਆਰਥੀ ਹਰਿਕਮਲਦੀਪ ਸਿੰਘ, ਵਿਰੋਧੀ ਧਿਰ ਦੇ ਆਗੂ ਵਜੋਂ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟਪੰਦਲ ਦੇ ਵਿਦਿਆਰਥੀ ਹਰਪ੍ਰੀਤ ਸਿੰਘ,ਸਪੀਕਰ ਵਜੋਂ ਐਚ.ਐਸ.ਐਨ. ਸਕੂਲ ਆਫ਼ ਐਮੀਨੈਂਸ ਜੈਤੋ ਦੇ ਵਿਦਿਆਰਥੀ ਜਗਮੰਦਰ ਸਿੰਘ ਨੇ ਭੂਮਿਕਾ ਨਿਭਾਈ

---------------------------------------------------------

ਅੱਜ ਯੂ.ਟੀ. ਚੰਡੀਗੜ੍ਹ ਸਕੱਤਰੇਤ, ਸੈਕਟਰ 9, ਚੰਡੀਗੜ੍ਹ ਵਿਖੇ ਸੰਵਿਧਾਨ ਦਿਵਸ 'ਹਮਾਰਾ ਸੰਵਿਧਾਨ, ਹਮਾਰਾ ਸਵੈਭਿਮਾਨ' ਮਨਾਇਆ ਗਿਆ। ਸਾਰੇ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਇਸ ਅਵਸਰ 'ਤੇ, ਯੂ.ਟੀ. ਚੰਡੀਗੜ੍ਹ ਦੇ ਗ੍ਰਹਿ ਸਕੱਤਰ ਮਨਦੀਪ ਸਿੰਘ ਬਰਾੜ ਨੇ ਸੰਵਿਧਾਨ ਦੀ ਪ੍ਰਸਤਾਵਨਾ ਦੇ ਸਮੂਹਿਕ ਪਾਠ ਦੀ ਅਗਵਾਈ ਕੀਤੀ। ਪ੍ਰੋਗਰਾਮ ਦੌਰਾਨ ਸੰਵਿਧਾਨ ਦੇ ਇਤਿਹਾਸ ਤੇ ਮਹੱਤਵ ਨੂੰ ਉਜਾਗਰ ਕਰਨ ਵਾਲੀ ਇੱਕ ਛੋਟੀ ਜਿਹੀ ਵੀਡੀਓ ਵੀ ਦਿਖਾਈ ਗਈ। ਇਸ ਤੋਂ ਇਲਾਵਾ ਡਿਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਦੀ ਅਗਵਾਈ ਹੇਠ ਡਿਵੀਜ਼ਨਲ ਦਫ਼ਤਰ

ਫਿਰੋਜ਼ਪੁਰ ਵਿਖੇ ਮੌਜੂਦ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸੰਵਿਧਾਨ ਦੀ ਪ੍ਰਸਤਾਵਨਾ ਨੂੰ ਸਮੂਹਿਕ ਤੌਰ 'ਤੇ ਪੜ੍ਹ ਕੇ ਸੰਵਿਧਾਨ ਪ੍ਰਤੀ ਦ੍ਰਿੜਤਾ ਨਾਲ ਵਚਨਬੱਧ ਰਹਿਣ ਦੀ ਸਹੁੰ ਚੁੱਕੀ। ਫਿਰੋਜ਼ਪੁਰ ਛਾਉਣੀ, ਅੰਮ੍ਰਿਤਸਰ, ਲੁਧਿਆਣਾ, ਜਲੰਧਰ ਸ਼ਹਿਰ ਆਦਿ ਰੇਲਵੇ ਸਟੇਸ਼ਨਾਂ 'ਤੇ ਸੰਵਿਧਾਨ ਦੀ ਪ੍ਰਸਤਾਵਨਾ ਨੂੰ ਸਮੂਹਿਕ ਤੌਰ 'ਤੇ ਪੜ੍ਹਿਆ ਗਿਆ। ਸੰਵਿਧਾਨ ਦਿਵਸ ਮੌਕੇ ਰੇਲਵੇ ਯਾਤਰੀਆਂ ਤੇ ਕਰਮਚਾਰੀਆਂ ਨੂੰ ਸਟੇਸ਼ਨਾਂ ਤੇ ਦਫਤਰਾਂ ਵਿੱਚ ਸੰਵਿਧਾਨਕ ਕਦਰਾਂ-ਕੀਮਤਾਂ ਬਾਰੇ ਜਾਗਰੂਕ ਕੀਤਾ ਗਿਆ।

---------------------------------------------------------------

ਬੀਤੀ ਰਾਤ ਸਿਟੀ ਪੁਲਿਸ ਥਾਣੇ ਗੁਰਦਾਸਪੁਰ ਦੇ ਬਾਹਰ ਇਕ ਵੱਡਾ ਧਮਾਕਾ ਹੋਇਆ, ਜਿਸ ਵਿਚ 3 ਲੋਕ ਜ਼ਖਮੀ ਹੋ ਗਏ। ਹਾਲਾਂਕਿ, ਪੁਲਿਸ ਕਹਿ ਰਹੀ ਏ ਕਿ ਥਾਣੇ ਦੇ ਬਾਹਰ ਕੋਈ ਗ੍ਰਨੇਡ ਹਮਲਾ ਨਹੀਂ ਹੋਇਆ ਬਲਕਿ ਇਕ ਟਰੱਕ ਦਾ ਟਾਇਰ ਫਟਿਆ ਏ । ਦੂਜੇ ਪਾਸੇ, ਸੋਸ਼ਲ ਮੀਡੀਆ 'ਤੇ ਇਕ ਪੋਸਟ ਵਾਇਰਲ ਹੋ ਰਹੀ ਏ, ਜਿਸ ਵਿੱਚ ਅੱਤਵਾਦੀ ਸੰਗਠਨ ਖਾਲਿਸਤਾਨ ਲਿਬਰੇਸ਼ਨ ਆਰਮੀ ਨੇ ਦਾਅਵਾ ਕੀਤਾ ਏ ਕਿ ਉਨ੍ਹਾਂ ਸਿਟੀ ਪੁਲਿਸ ਥਾਣਾ ਗੁਰਦਾਸਪੁਰ ਦੇ ਬਾਹਰ ਗ੍ਰਨੇਡ ਹਮਲਾ ਕੀਤਾ ਏ ।

---

ਇਕ ਵੱਡੀ ਸਫਲਤਾ ਹਾਸਲ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ ਤੇ SAS ਨਗਰ ਪੁਲਿਸ ਨੇ ਡੇਰਾਬੱਸੀ-ਅੰਬਾਲਾ ਹਾਈਵੇਅ 'ਤੇ ਸਟੀਲ ਸਟ੍ਰਿਪਸ ਟਾਵਰਾਂ ਨੇੜੇ ਹੋਈ ਗੋਲੀਬਾਰੀ ਤੋਂ ਬਾਅਦ ਲਾਰੈਂਸ ਬਿਸ਼ਨੋਈ ਗੈਂਗ ਦੇ ਵਿਦੇਸ਼ੀ-ਅਧਾਰਤ ਗੈਂਗਸਟਰ ਗੋਲਡੀ ਢਿੱਲੋਂ ਦੇ ਚਾਰ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ । ਹਾਈਵੇਅ ਨਾਲ ਇਕ ਘਰ ਵਿੱਚ ਲੁਕੇ ਹੋਏ ਮੁਲਜ਼ਮ ਨੇ ਪੁਲਿਸ 'ਤੇ ਗੋਲੀਬਾਰੀ ਕੀਤੀ। ਜਵਾਬੀ ਗੋਲੀਬਾਰੀ ਵਿੱਚ, ਗੈਂਗ ਦੇ ਦੋ ਮੈਂਬਰਾਂ ਨੂੰ ਗੋਲੀਆਂ ਲੱਗੀਆਂ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਇਹ ਸਮੂਹ ਆਪਣੇ ਵਿਦੇਸ਼-ਅਧਾਰਤ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ ਤੇ ਟ੍ਰਾਈਸਿਟੀ ਤੇ ਪਟਿਆਲਾ ਖੇਤਰ ਵਿਚ ਨਿਸ਼ਾਨਾ ਬਣਾ ਕੇ ਹਮਲਿਆਂ ਦੀ ਯੋਜਨਾ ਬਣਾ ਰਿਹਾ ਸੀ। ਇਸ ਦੌਰਾਨ 7 ਪਿਸਤੌਲ ਤੇ 70 ਜ਼ਿੰਦਾ ਕਾਰਤੂਸ ਬਰਾਮਦ ਹੋਏ ਨੇ । ਇਸ ਦੇ ਨਾਲ ਹੀ ਖੁਫੀਆ ਜਾਣਕਾਰੀ ਤੇ ਕਾਰਵਾਈ ਕਰਦੇ ਹੋਏ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਸਰਹੱਦ ਪਾਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਤੇ ਇੱਕ ਆਈ.ਈ.ਡੀ. ਤੇ ਦੋ ਮੋਬਾਈਲ ਫੋਨ ਬਰਾਮਦ ਕੀਤ ਸ਼ੁਰੂਆਤੀ ਜਾਂਚ ਤੋਂ ਪਤਾ ਚੱਲਦਾ ਏ ਕਿ ਇਹ ਦੋਵੇਂ ਪਾਕਿਸਤਾਨ ਸਥਿਤ ਇੱਕ

ਹੈਂਡਲਰ ਦੇ ਸੰਪਰਕ ਵਿੱਚ ਸਨ, ਜੋ ਕਿ ਸਾਜ਼ਿਸ਼ ਦੇ ਪਿੱਛੇ ਮਜ਼ਬੂਤ ਸਰਹੱਦ ਪਾਰ ਸਬੰਧਾਂ ਨੂੰ ਉਜਾਗਰ ਕਰਦਾ ਏ ।

---------------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਤੇ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਜਲੰਧਰ ਵਿੱਚ ਇਕ ਘਿਨਾਉਣੇ ਅਪਰਾਧ ਦਾ ਸ਼ਿਕਾਰ ਹੋਈ ਨਾਬਾਲਗ ਲੜਕੀ ਦੇ ਦੁਖੀ ਪਰਿਵਾਰ ਨਾਲ ਮੁਲਾਕਾਤ ਕੀਤੀ। ਦੋਵਾਂ ਨੇ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕੀਤੀ ਤੇ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਏ । ਉਨ੍ਹਾਂ ਨੇ ਦੁਖੀ ਮਾਪਿਆਂ ਨੂੰ ਭਰੋਸਾ ਦਿਵਾਇਆ ਕਿ ਅਪਰਾਧ ਵਿੱਚ ਸ਼ਾਮਲ ਦੋਸ਼ੀਆਂ ਨੂੰ ਕਾਨੂੰਨ ਦਾ ਸਖ਼ਤੀ ਨਾਲ ਸਾਹਮਣਾ ਕਰਨਾ ਪਵੇਗਾ । ਉਹਨਾਂ ਕਿਹਾ ਕਿ ਸਰਕਾਰ ਇਨਸਾਫ਼ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ ।

---------------------------------------------------------------

ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਆਪਣੇ ਦਫ਼ਤਰ ਪੰਜਾਬ ਸਿਵਲ ਸਕੱਤਰੇਤ ਵਿਖੇ ਨਵੇਂ ਪਦਉੱਨਤ ਜੇਲ੍ਹ ਅਧਿਕਾਰੀਆਂ ਦਾ

ਸਨਮਾਨ ਕੀਤਾ। ਇਸ ਮੌਕੇ 6 ਏ.ਆਈ.ਜੀ./ਸੁਪਰਡੈਂਟ ਕੇਂਦਰੀ ਜੇਲ੍ਹ ਅਧਿਕਾਰੀਆਂ ਦੇ ਮੋਢਿਆਂ 'ਤੇ ਸਟਾਰ ਲਗਾਏ ਗਏ। ਜ਼ਿਕਰਯੋਗ ਏ ਕਿ 14 ਅਧਿਕਾਰੀਆਂ ਨੂੰ ਪਦਉੱਨਤ ਕੀਤਾ ਗਿਆ, ਜਿਨ੍ਹਾਂ ਵਿੱਚ 6 ਏ.ਆਈ.ਜੀ./ਸੁਪਰਡੈਂਟ ਕੇਂਦਰੀ ਜੇਲ੍ਹਾਂ ਤੇ 8 ਡੀ.ਐਸ.ਪੀ. ਗ੍ਰੇਡ-1 ਸ਼ਾਮਲ ਨੇ। ਜੇਲ੍ਹ ਮੰਤਰੀ ਨੇ ਪਦਉੱਨਤ ਹੋਏ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਕਦਮ ਦਾ ਉਦੇਸ਼ ਪੰਜਾਬ ਵਿੱਚ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਦੇ ਵਧੇਰੇ ਪ੍ਰਭਾਵੀ ਪ੍ਰਬੰਧਨ ਦੇ ਨਾਲ-ਨਾਲ ਸਟਾਫ਼ ਦੀ ਲੋੜ ਨੂੰ ਪੂਰਾ ਕਰਨਾ ਅਤੇ ਪ੍ਰਸ਼ਾਸਕੀ ਕੁਸ਼ਲਤਾ ਵਿੱਚ ਹੋਰ ਸੁਧਾਰ ਕਰਨਾ ਏ। ਉਨ੍ਹਾਂ ਅੱਗੇ ਦੱਸਿਆ ਕਿ ਉੱਚ ਰੈਂਕ ਹਾਸਲ ਮਿਲਣ ਨਾਲ ਜ਼ਿੰਮੇਵਾਰੀ ਵੱਧਣ ਦੇ ਨਾਲ-ਨਾਲ ਫ਼ੈਸਲਾ ਲੈਣ ਦਾ ਅਧਿਕਾਰ ਵੀ ਮਿਲ ਜਾਂਦਾ ਏ ਜੋ ਕਿ ਪਦਉੱਨਤ ਅਧਿਕਾਰੀਆਂ ਨੂੰ ਸੁਰੱਖਿਆ, ਅਨੁਸ਼ਾਸਨ ਨੂੰ ਯਕੀਨੀ ਬਣਾਉਣ ਤੇ ਕੈਦੀਆਂ ਦੀ ਭਲਾਈ ਲਈ ਵੱਖ-ਵੱਖ ਉਪਾਅ ਕਰਨ ਦੇ ਯੋਗ ਬਣਾਏਗਾ। ਏ.ਡੀ.ਜੀ.ਪੀ. (ਜੇਲ੍ਹਾਂ) ਅਰੁਣ ਪਾਲ ਸਿੰਘ ਨੇ ਨਵੇਂ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਵਿਭਾਗ ਦੇ ਸਮੁੱਚੇ ਕੰਮਕਾਜ ਵਿੱਚ ਹਰੇਕ ਅਧਿਕਾਰੀ ਤੇ ਸਟਾਫ਼ ਦੀ ਮਹੱਤਵਪੂਰਨ ਭੂਮਿਕਾ ਬਾਰੇ ਵੀ ਦੱਸਿਆ। ਇਸ ਮੌਕੇ ਜੇਲ੍ਹਾਂ ਦੀ ਪ੍ਰਮੁੱਖ ਸਕੱਤਰ ਭਾਵਨਾ ਗਰਗ ਨੇ ਵੀ ਨਵੇਂ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

--------------------------------------------------

ਸੁਲਤਾਨਪੁਰ ਲੋਧੀ ਦੇ ਬਾਊਪੁਰ ਮੰਡ ਵਿੱਚ ਜਿੱਥੇ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਸੀ, ਉਥੇ ਹੁਣ ਕਿਸਾਨਾਂ ਦਾ ਜੀਵਨ ਲੀਹ 'ਤੇ ਆਉਣ ਲੱਗ ਪਿਆ ਏ । ਇਸ ਖੇਤਰ ਵਿਚ ਰਾਹਤ ਕਾਰਜਾਂ ਦੀ ਅਗਵਾਈ ਕਾਰਨ ਵਾਲੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਉਨ੍ਹਾਂ ਖੇਤਾਂ ਵਿੱਚ ਕਣਕ ਦੀ ਬਿਜਾਈ ਆਪਣੇ ਹੱਥੀ ਕੀਤੀ। ਕਿਸਾਨ ਇੰਦਰਜੀਤ ਸਿੰਘ ਦੇ ਖੇਤਾਂ ਵਿਚ ਟ੍ਰੈਕਟਰ ਚਲਾ ਕੇ ਸੰਤ ਸੀਚੇਵਾਲ ਨੇ ਖੁਦ ਕਣਕ ਬੀਜੀ । ਇਹ ਜ਼ਮੀਨ ਉਸ ਬੰਨ੍ਹ ਦੇ ਨੇੜੇ ਹੈ ਜਿੱਥੇ ਪਹਿਲਾਂ ਪਾੜ ਪਿਆ ਸੀ। ਇਸ ਦੇ ਨਾਲ 30 ਤੋਂ 35 ਹੋਰ ਖੇਤਾਂ ਵਿੱਚ ਟ੍ਰੈਕਟਰ ਜ਼ਮੀਨਾਂ ਪੱਧਰੀਆਂ ਕਰਨ ਵਿੱਚ ਲੱਗੇ ਹੋਏ ਨੇ ਤੇ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਵਿੱਚ ਵੀ ਕਣਕ ਦੀ ਬਿਜਾਈ ਕਰਵਾਈ ਜਾਵੇਗੀ।

--------------------------------------------------

ਖਾਸ ਖਬਰਾਂ ਇੱਕ ਵਾਰ ਫੇਰ

- ਰਾਸ਼ਟਰਪਤੀ ਨੇ ਸੰਵਿਧਾਨ ਦਿਵਸ ਮੌਕੇ ਕਿਹਾ ਏ ਕਿ ਭਾਰਤੀ ਸੰਸਦ ਦੁਨੀਆ ਭਰ ਦੇ ਕਈ ਦੇਸ਼ਾਂ ਲਈ ਇਕ ਮਿਸਾਲ-ਸੰਵਿਧਾਨ

ਦੇ ਪੰਜਾਬੀ ਸਮੇਤ ਨੌਂ ਭਾਸ਼ਾਵਾਂ ਵਿੱਚ ਅਨੁਵਾਦਿਤ ਸੰਸਕਰਣ ਜਾਰੀ ਕੀਤੇ,

- ਪ੍ਰਧਾਨ ਮੰਤਰੀ ਨੇ ਸੰਵਿਧਾਨ ਦਿਵਸ ਮੌਕੇ ਸਪੀਕਰ ਓਮ ਬਿਰਲਾ ਦਾ ਲੇਖ ਕੀਤਾ ਸਾਂਝਾ, ਲੇਖ ਵਿਚ ਸੰਵਿਧਾਨ ਸਭਾ ਦੁਆਰਾ ਤਿਆਰ ਤੇ ਕਰੋੜਾਂ ਭਾਰਤੀਆਂ ਦੀਆਂ ਇੱਛਾਵਾਂ ਨਾਲ ਭਰਪੂਰ ਸੰਵਿਧਾਨ ਦੀ ਯਾਤਰਾ ਨੂੰ ਦਰਸਾਇਆ ਗਿਆ ਏ
- ਪੰਜਾਬ ਸਰਕਾਰ ਨੇ ਸੰਵਿਧਾਨ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਵਿਦਿਆਰਥੀ ਇਜਲਾਸ ਕਰਵਾਇਆ
- ਸਿਟੀ ਪੁਲਿਸ ਥਾਣਾ ਗੁਰਦਾਸਪੁਰ ਦੇ ਬਾਹਰ ਹੋਏ ਧਮਾਕੇ ਵਿਚ 3 ਲੋਕ ਜ਼ਖਮੀ

**ਇਸ ਦੇ ਨਾਲ ਹੀ ਪ੍ਰਦੇਸ਼ੀਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ ,**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸਾਢੇ 7 ਵਜੇ**

**ਨਮਸਕਾਰ**